16ਵੀਂ ਵਿਧਾਨ ਸਭਾ
ਚੌਥਾ ਸਮਾਗਮ, 2023

# ਪੰਜਾਬ ਵਿਧਾਨ ਸਭਾ
## ਕਾਰਜ-ਸੂਚੀ
### ਮੰਗਲਵਾਰ, 20 ਜੂਨ, 2023
### 11.00 ਵਜੇ ਸਵੇਰੇ

---

**I. ਪੰਜਾਬ ਵਿਧਾਨ ਸਭਾ (ਪੰਜਾਬ ਲੈਜਿਸਲੇਟਿਵ ਅਸੈਂਬਲੀ) ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਕੁੱਝ ਨਿਯਮਾਂ ਨੂੰ ਮੁਅੱਤਲ ਕਰਨ ਸਬੰਧੀ ਪ੍ਰਸਤਾਵ**

**ਇੱਕ ਮੰਤਰੀ ਪ੍ਰਸਤਾਵ ਕਰਨਗੇ ਕਿ-**

"ਇਹ ਸਦਨ ਸੰਕਲਪ ਕਰਦਾ ਹੈ ਕਿ 16ਵੀਂ ਪੰਜਾਬ ਵਿਧਾਨ ਸਭਾ ਦੇ ਚੌਥੇ ਸਮਾਗਮ ਦੀ ਵਿਸ਼ੇਸ਼ ਬੈਠਕ ਦੌਰਾਨ ਕੇਵਲ ਉਹੀ ਕੰਮ-ਕਾਰ ਕੀਤਾ ਜਾਵੇ ਜਿਸ ਮੰਤਵ ਲਈ ਇਹ ਸਮਾਗਮ ਬੁਲਾਇਆ ਗਿਆ ਹੈ ਅਤੇ ਹੋਰ ਕੋਈ ਵੀ ਕੰਮ-ਕਾਰ ਜਿਸ ਵਿੱਚ ਪ੍ਰਸ਼ਨ, ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਆਰਾ ਪੇਸ਼ ਕੀਤੇ ਜਾਣ ਵਾਲਾ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਸਮਾਗਮ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿੱਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿੱਚ ਇਸ ਵਿਸ਼ੇ ਨਾਲ ਸਬੰਧਤ ਨਿਯਮ ਉਸ ਹੱਦ ਤੱਕ ਮੁਅੱਤਲ ਕੀਤੇ ਗਏ ਸਮਝੇ ਜਾਣ।"

**II. ਨਿਯਮ 16 ਅਧੀਨ ਪ੍ਰਸਤਾਵ**

**ਇੱਕ ਮੰਤਰੀ ਪ੍ਰਸਤਾਵ ਕਰਨਗੇ ਕਿ** ਵਿਧਾਨ ਸਭਾ (ਅਸੈਂਬਲੀ) ਅੱਜ ਇਸ ਦੇ ਉੱਠ ਜਾਣ ਤੇ **ਅਣਮਿੱਥੇ ਸਮੇਂ** ਲਈ ਸਥੱਗਿਤ ਹੋ ਜਾਵੇਗੀ।

**III. ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ**

1. **ਇੱਕ ਮੰਤਰੀ** ਸਾਲ 2021-22 ਤੋਂ 2025-26 ਲਈ ਛੇਵੇਂ ਪੰਜਾਬ ਵਿੱਤ ਕਮਿਸ਼ਨ ਦੀ ਰਿਪੋਰਟ ਅਤੇ ਪੰਚਾਇਤਾਂ ਅਤੇ ਸ਼ਹਿਰੀ ਸਥਾਨਕ ਸੰਸਥਾਵਾਂ ਲਈ ਛੇਵੇਂ ਪੰਜਾਬ ਵਿੱਤ ਕਮਿਸ਼ਨ ਦਆਰਾ ਕੀਤੀਆਂ ਗਈਆਂ ਸਿਫਾਰਸ਼ਾਂ ਤੇ ਕੀਤੀ ਗਈ ਕਾਰਵਾਈ ਸਬੰਧੀ ਵਿਆਖਿਆਤਮਕ ਯਾਦ-ਪੱਤਰ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਭਾਰਤ ਦੇ ਸੰਵਿਧਾਨ ਦੇ ਅਨੁਛੇਦ 243-ਘ (4) ਅਤੇ 243-ਨ (2) ਅਤੇ ਪੰਚਾਇਤਾਂ ਅਤੇ ਮਿਊਂਸਪੈਲਿਟੀਜ਼ ਐਕਟ, 1994 ਲਈ ਪੰਜਾਬ ਵਿੱਤ ਕਮਿਸ਼ਨ ਦੀ ਧਾਰਾ 11 ਅਧੀਨ ਲੋੜੀਂਦਾ ਹੈ।

2. **ਇੱਕ ਮੰਤਰੀ** ਸਾਲ 2019-20 ਅਤੇ 2020-21 ਲਈ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੀ ਆਡਿਟ ਰਿਪੋਰਟ ਅਤੇ ਬੈਲੰਸ ਸ਼ੀਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਮਨੁੱਖੀ ਅਧਿਕਾਰਾਂ ਦੀ ਸੁਰੱਖਿਆ ਐਕਟ, 1993 ਦੀ ਧਾਰਾ 35 (4) ਅਧੀਨ ਲੋੜੀਂਦਾ ਹੈ।

3. **ਇੱਕ ਮੰਤਰੀ** ਸਾਲ 2021-22 ਲਈ ਅੰਮ੍ਰਿਤਸਰ ਵਿਕਾਸ ਅਥਾਰਿਟੀ ਦੀ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਬੰਦੀ ਅਤੇ ਵਿਕਾਸ ਐਕਟ, 1995 ਦੀ ਧਾਰਾ 54 (2) ਅਧੀਨ ਲੋੜੀਂਦਾ ਹੈ।

4. **ਇੱਕ ਮੰਤਰੀ** ਸਾਲ 2020-21 ਲਈ ਪਟਿਆਲਾ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਅਥਾਰਿਟੀ ਦੀ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਐਕਟ, 1995 ਦੀ ਧਾਰਾ 54 (2) ਅਧੀਨ ਲੋੜੀਂਦਾ ਹੈ।

5. **ਇੱਕ ਮੰਤਰੀ** ਸਾਲ 2019-20 ਲਈ ਪੰਜਾਬ ਰਾਜ ਖੁਰਾਕ ਕਮਿਸ਼ਨ ਦੀ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੌਮੀ ਖੁਰਾਕ ਸੁਰੱਖਿਆ ਐਕਟ, 2013 ਦੀ ਧਾਰਾ 16 (6) ਅਧੀਨ ਲੋੜੀਂਦਾ ਹੈ।

**......ਪਰਤੋ ਜੀ**

6. **ਇੱਕ ਮੰਤਰੀ** ਸਾਲ 2020-21 ਲਈ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਸਾਲਾਨਾ ਪ੍ਰਬੰਧਕੀ ਰਿਪੋਰਟ ਅਤੇ ਲੇਖੇ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਜਲ (ਪ੍ਰਦੂਸ਼ਨ ਦੀ ਰੋਕਥਾਮ ਅਤੇ ਕੰਟਰੋਲ), ਐਕਟ 1974 ਦੀ ਧਾਰਾ 39 (2) ਅਧੀਨ ਲੋੜੀਂਦਾ ਹੈ।

7. **ਇੱਕ ਮੰਤਰੀ** ਸਾਲ 2021-22 ਲਈ ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ ਦੀ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਬਿਜਲੀ ਐਕਟ, 2003 ਦੀ ਧਾਰਾ 105(2) ਅਧੀਨ ਲੋੜੀਂਦਾ ਹੈ।

8. **ਇੱਕ ਮੰਤਰੀ** ਸਾਲ 2019-20 ਲਈ ਪੰਜਾਬ ਸੂਚਨਾ ਅਤੇ ਸੰਚਾਰ ਤਕਨਾਲੋਜੀ ਕਾਰਪੋਰੇਸ਼ਨ ਲਿਮਿਟਡ (ਪੰਜਾਬ ਇਨਫੋਟੈੱਕ) ਦੀ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 2013 ਦੀ ਧਾਰਾ 395(1) (ਅ) ਅਧੀਨ ਲੋੜੀਂਦਾ ਹੈ।

9. **ਇੱਕ ਮੰਤਰੀ** ਸਾਲ 2021-22 ਲਈ ਪੰਜਾਬ ਰਾਜ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਿਟਡ ਦੀ 12ਵੀਂ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 2013 ਦੀ ਧਾਰਾ 395 ਅਧੀਨ ਲੋੜੀਂਦਾ ਹੈ।

## IV. ਸਰਕਾਰੀ ਮਤਾ

**ਸਰਦਾਰ ਗੁਰਮੀਤ ਸਿੰਘ ਖੁੱਡੀਆਂ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਪ੍ਰਸਤਾਵ ਕਰਨਗੇ ਕਿ-**

"ਭਾਰਤ ਸਰਕਾਰ ਵੱਲੋਂ ਪਿਛਲੇ ਚਾਰ ਸੀਜ਼ਨਾਂ (KMS 2021-22, RMS 2022-23, KMS 2022-23 ਅਤੇ RMS 2023-24) ਦੀ ਦਿਹਾਤੀ ਵਿਕਾਸ ਫੀਸ (R.D.F.) ਜਾਰੀ ਨਾ ਕੀਤੇ ਜਾਣ ਕਾਰਨ ਪੰਜਾਬ ਰਾਜ ਦੇ ਦਿਹਾਤੀ ਵਿਕਾਸ ਕਾਰਜਾਂ ਤੇ ਮਾੜਾ ਅਸਰ ਪੈ ਰਿਹਾ ਹੈ।

ਪੰਜਾਬ ਵਿਧਾਨ ਸਭਾ ਇਸ ਗੱਲ ਦੀ ਸਖਤ ਨਿਖੇਧੀ ਕਰਦੀ ਹੈ ਕਿ ਪੰਜਾਬ ਦਿਹਾਤੀ ਵਿਕਾਸ ਐਕਟ, 1987 ਵਿੱਚ ਭਾਰਤ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਲੋੜੀਂਦੀਆਂ ਸੋਧਾਂ ਨੂੰ ਮੌਜੂਦਾ ਰਾਜ ਸਰਕਾਰ ਵੱਲੋਂ ਇਸ ਪਵਿੱਤਰ ਸਦਨ ਤੋਂ ਪਾਸ ਕਰਵਾਉਣ ਅਤੇ ਇਸ ਉਪਰੰਤ ਨੋਟੀਫਿਕੇਸ਼ਨ ਨੂੰ ਮਿਤੀ 18.07.2022 ਨੂੰ ਸਰਕਾਰੀ ਗਜ਼ਟ ਵਿੱਚ ਪ੍ਰਕਾਸ਼ਿਤ ਕਰਨ ਦੇ ਬਾਵਜੂਦ ਵੀ ਭਾਰਤ ਸਰਕਾਰ ਨੇ ਪੰਜਾਬ ਵਿੱਚੋਂ ਪਿਛਲੇ ਚਾਰ ਸੀਜ਼ਨਾਂ ਦੌਰਾਨ ਖਰੀਦੀਆਂ ਗਈਆਂ ਖੇਤੀ ਉਪਜਾਂ ਤੇ 3% ਦੀ ਦਰ ਨਾਲ ਬਣਦੀ 3622.40 ਕਰੋੜ ਰੁਪਏ ਦੀ ਅਜੇ ਤੱਕ ਰੋਕੀ ਗਈ ਦਿਹਾਤੀ ਵਿਕਾਸ ਫੀਸ ਦੀ ਰਕਮ ਜਾਰੀ ਨਹੀਂ ਕੀਤੀ ਹੈ।

ਪੰਜਾਬ ਰਾਜ ਨੇ ਭਾਰਤ ਦੇ ਕਿਸੇ ਵੀ ਹੋਰ ਰਾਜ ਦੇ ਮੁਕਾਬਲੇ ਬਹੁਤ ਵੱਡਾ ਮਾਰਕੀਟ ਬੁਨਿਆਦੀ ਢਾਂਚਾ ਤਿਆਰ ਕੀਤਾ ਹੋਇਆ ਹੈ। ਇਸ ਤਰ੍ਹਾਂ ਇਕੱਤਰ ਕੀਤੀ ਗਈ ਦਿਹਾਤੀ ਵਿਕਾਸ ਫੀਸ ਦੀ ਵਰਤੋਂ ਸਿਰਫ਼ ਰਾਜ ਦੇ ਕਿਸਾਨਾਂ ਦੀ ਭਲਾਈ, ਪੇਂਡੂ ਮੰਡੀਆਂ ਅਤੇ ਪੇਂਡੂ ਲਿੰਕ ਸੜਕਾਂ ਦੇ ਰੱਖ-ਰੱਖਾਅ ਅਤੇ ਨਿਰਮਾਣ ਸਮੇਤ ਪੇਂਡੂ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਕੀਤੀ ਜਾਂਦੀ ਹੈ ਤਾਂ ਜੋ ਖੇਤੀ ਉਪਜਾਂ ਨਜ਼ਦੀਕੀ ਮੰਡੀਆਂ ਤੱਕ ਆਸਾਨੀ ਨਾਲ ਪਹੁੰਚਾਈਆਂ ਜਾ ਸਕਣ। ਇਸ ਤਰ੍ਹਾਂ ਭਾਰਤ ਸਰਕਾਰ ਵੱਲੋਂ ਪੇਂਡੂ ਵਿਕਾਸ ਫੀਸ ਜਾਰੀ ਨਾ ਕੀਤੇ ਜਾਣ ਕਾਰਨ ਪੰਜਾਬ ਰਾਜ ਦੇ ਸਮੁੱਚੇ ਦਿਹਾਤੀ ਵਿਕਾਸ ਕਾਰਜ ਠੱਪ ਹੋ ਰਹੇ ਹਨ।

ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਉਹ ਕੇਂਦਰ ਸਰਕਾਰ ਵੱਲੋਂ ਰੋਕੀ ਗਈ 3622.40 ਕਰੋੜ ਦੀ ਦਿਹਾਤੀ ਵਿਕਾਸ ਫੀਸ ਨੂੰ ਤੁਰੰਤ ਜਾਰੀ ਕਰਵਾਉਣ ਲਈ ਕੇਂਦਰ ਸਰਕਾਰ ਕੋਲ ਪਹੁੰਚ ਕਰੇ ਤਾਂ ਜੋ ਪੰਜਾਬ ਰਾਜ ਦੇ ਕਿਸਾਨਾਂ ਅਤੇ ਪੇਂਡੂ ਆਬਾਦੀ ਦੀ ਭਲਾਈ ਲਈ ਨਿਰਵਿਘਨ ਵਿਕਾਸ ਕਾਰਜਾਂ ਨੂੰ ਜਾਰੀ ਰੱਖਿਆ ਜਾ ਸਕੇ।"

## V. ਵਿਧਾਨਕ ਕੰਮ-ਕਾਰ

| | | |
|---|---|---|
| **ਪੰਜਾਬ ਐਫੀਲੀਏਟਿਡ ਕਾਲਜਜ਼ (ਸਕਿਉਰਿਟੀ ਆਫ ਸਰਵਿਸ) ਸੋਧਨਾ ਬਿਲ, 2023** | **ਇੱਕ ਮੰਤਰੀ** | ਪੰਜਾਬ ਐਫੀਲੀਏਟਿਡ ਕਾਲਜਜ਼ (ਸਕਿਉਰਿਟੀ ਆਫ ਸਰਵਿਸ) ਸੋਧਨਾ ਬਿਲ, 2023 ਪੇਸ਼ ਕਰਨਗੇ।<br><br>ਪ੍ਰਸਤਾਵ ਕਰਨਗੇ ਕਿ ਪੰਜਾਬ ਐਫੀਲੀਏਟਿਡ ਕਾਲਜਜ਼ (ਸਕਿਉਰਿਟੀ ਆਫ ਸਰਵਿਸ) ਸੋਧਨਾ ਬਿਲ, 2023 ਤੇ ਤੁਰਤ ਵਿਚਾਰ ਕੀਤਾ ਜਾਵੇ।<br><br>ਇਹ ਪ੍ਰਸਤਾਵ ਵੀ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ। |

**ਚੰਡੀਗੜ੍ਹ:**
**19 ਜੂਨ, 2023**

**ਰਾਮ ਲੋਕ ਖਟਾਣਾ,**
**ਸਕੱਤਰ ।**